**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 10/83-14 ਅ1(6) ਕੋ:ਸੈਲ:2
ਮਿਤੀ, ਐਸ.ਏ.ਐਸ.ਨਗਰ :- 07.09.2016

ਸ਼੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਅੰਗਰੇਜੀ, ਸਕੰਸਸਸ ਬਾਲਿਆਂਵਾਲੀ, ਜ਼ਿਲ੍ਹਾ ਬਠਿੰਡਾ ਜੋ ਮਿਤੀ 08-02-13 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਵਿਭਾਗ ਵੱਲੋਂ ਹੁਕਮ ਨੰ: 7/99/13-1ਸਿ2/4037 ਮਿਤੀ 03-12-13 ਰਾਹੀਂ ਪੰਜਾਬ ਸਿਵਲ ਸੇਵਾਵਾਂ(ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਅਧੀਨ ਦੋਸ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਅੰਗਰੇਜੀ, ਸਕੰਸਸਸ ਬਾਲਿਆਂਵਾਲੀ, ਜ਼ਿਲ੍ਹਾ ਬਠਿੰਡਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਵਿਭਾਗ ਵਲੋਂ ਹੁਕਮ ਨੰ: 7/99/13-1ਸਿ2/2061 ਮਿਤੀ 29.04.14 ਰਾਹੀਂ ਸ੍ਰੀ ਬੀ.ਸੀ. ਗੁਪਤਾ, ਰਿਟਾ: ਸੈਸ਼ਨ ਜੱਜ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 08-02-13 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਅੰਗਰੇਜੀ, ਸਕੰਸਸਸ ਬਾਲਿਆਂਵਾਲੀ, ਜ਼ਿਲ੍ਹਾ ਬਠਿੰਡਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 30.07.16 ਨੂੰ " ਰੋਜਾਨਾ ਸਪੋਕਸਮੈਨ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 1 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਅੰਗਰੇਜੀ, ਸਕੰਸਸਸ ਬਾਲਿਆਂਵਾਲੀ, ਜ਼ਿਲ੍ਹਾ ਬਠਿੰਡਾ ਦੇ ਮਿਤੀ 08-02-2013 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 14267-70 ਮਿਤੀ, ਐਸ.ਏ.ਐਸ.ਨਗਰ :- 19-9-16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਬਠਿੰਡਾ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸਕੰਸਸਸ ਬਾਲਿਆਂਵਾਲੀ, ਜ਼ਿਲ੍ਹਾ ਬਠਿੰਡਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਅੰਗਰੇਜੀ, ਸਕੰਸਸਸ ਬਾਲਿਆਂਵਾਲੀ, ਜ਼ਿਲ੍ਹਾ ਬਠਿੰਡਾ।

ਨੱਥੀ : ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ